# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :12-01-2026**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਜਰਮਨ ਚਾਂਸਲਰ ਮਰਜ਼ ਵਿਚਕਾਰ ਅੱਜ ਗੁਜਰਾਤ ਦੇ ਗਾਂਧੀਨਗਰ ਸਥਿਤ ਮਹਾਤਮਾ ਮੰਦਰ ਵਿਖੇ ਮੁਲਾਕਾਤ ਹੋਈ। ਜਰਮਨ ਚਾਂਸਲਰ ਦਾ ਭਾਰਤ ਦਾ ਇਹ ਪਹਿਲਾ ਦੌਰਾ ਏ, ਜੋ ਭਾਰਤ-ਜਰਮਨ ਸਬੰਧਾਂ ਵਿੱਚ ਇੱਕ ਮਹੱਤਵਪੂਰਨ ਅਧਿਆਇ ਦੀ ਗਾਵਹਿ ਭਰਦਾ ਏ, ਦੋਵਾਂ ਨੇਤਾਵਾਂ ਨੇ ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਵਧਾਉਣ ਲਈ ਵਿਚਾਰ-ਵਟਾਂਦਰਾ ਕੀਤਾ। ਦੋਵਾਂ ਨੇਤਾਵਾਂ ਨੇ ਭਾਰਤ-ਜਰਮਨੀ ਰਣਨੀਤਕ ਭਾਈਵਾਲੀ ਵਿੱਚ ਹੋਈ ਪ੍ਰਗਤੀ ਦੀ ਵੀ ਸਮੀਖਿਆ ਕੀਤੀ, ਜਿਸ ਨੂੰ ਹਾਲ ਹੀ ਵਿੱਚ 25 ਸਾਲ ਪੂਰੇ ਹੋਏ ਨੇ। ਦੁਵੱਲੀ ਚਰਚਾ ਵਪਾਰ, ਨਿਵੇਸ਼ ਤੇ ਉੱਚ-ਅੰਤ ਦੀ ਤਕਨਾਲੋਜੀ 'ਤੇ ਕੇਂਦ੍ਰਿਤ ਸੀ ਜਦਕਿ ਇਸ ਦੌਰਾਨ ਰੱਖਿਆ, ਹਰੇ ਟਿਕਾਊ ਵਿਕਾਸ ਤੇ ਵਿਗਿਆਨ ਤੇ ਖੋਜ ਵਿੱਚ ਮਹੱਤਵਪੂਰਨ ਸਾਂਝੇਦਾਰੀ ਨੂੰ ਅੱਗੇ ਵਧਾਉਣ ਬਾਰੇ ਵੀ ਚਰਚਾ ਹੋਈ।

---

ਕੇਂਦਰੀ ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰੀ ਹਰਦੀਪ ਪੁਰੀ ਨੇ ਕੱਲ੍ਹ ਨਵੀਂ ਦਿੱਲੀ ਵਿੱਚ ਵਿਕਸਤ ਭਾਰਤ ਯੰਗ ਲੀਡਰਜ਼ ਡਾਇਲਾਗ 2026 ਵਿੱਚ ਹਿੱਸਾ ਲੈਣ ਵਾਲੇ ਪੰਜਾਬ ਦੇ ਦਲ ਨਾਲ ਗੱਲਬਾਤ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਪੁਰੀ ਨੇ ਕਿਹਾ ਕਿ ਯੁਵਾ ਸ਼ਕਤੀ ਹੀ ਬਦਲਾਅ ਲਿਆਉਣ ਵਾਲੀ ਤੇ ਬਦਲਾਅ ਦਾ ਫਾਇਦਾ ਉਠਾਉਣ ਵਾਲੀ ਏ। ਉਨ੍ਹਾਂ ਕਿਹਾ ਕਿ ਪੰਜਾਬ ਦੇ ਵੱਖ-ਵੱਖ ਕਾਲਜਾਂ ਤੋਂ ਆਏ ਨੌਜਵਾਨਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਕਸਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਲਈ ਸਪਸ਼ਟਤਾ ਤੇ ਉਤਸ਼ਾਹ ਨਾਲ ਆਪਣੇ ਤਜ਼ਰਬੇ, ਵਿਚਾਰ ਤੇ ਇੱਛਾਵਾਂ ਸਾਂਝੀਆਂ ਕੀਤੀਆਂ ਨੇ। ਸ਼੍ਰੀ ਪੁਰੀ ਨੇ ਕਿਹਾ ਕਿ ਉਨ੍ਹਾਂ ਤੇ ਭਾਗੀਦਾਰਾਂ ਨੇ ਭਾਰਤ ਦੇ ਊਰਜਾ ਖੇਤਰ ਦੀਆਂ ਬਾਰੀਕੀਆਂ 'ਤੇ ਵਿਸਥਾਰ ਨਾਲ ਗੱਲਬਾਤ ਕੀਤੀ, ਜਿਸ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਸ਼ੁਰੂ ਕੀਤੀਆਂ ਗਈਆਂ ਵੱਖ-ਵੱਖ ਦੂਰਦਰਸ਼ੀ ਭਲਾਈ ਯੋਜਨਾਵਾਂ ਸ਼ਾਮਲ ਨੇ।

---

ਪੰਜਾਬ ਪੁਲਿਸ ਨੇ ਵਲਟੋਹਾ ਦੇ ਸਰਪੰਚ ਜਰਮਲ ਸਿੰਘ ਦੀ ਹਤਿਆ ਦੇ ਦੋ ਮੁੱਖ ਕਾਤਲਾਂ ਨੂੰ ਗ੍ਰਿਫ਼ਤਾਰ ਕਰ ਲਿਆ ਏ, ਸਰਪੰਚ ਦੀ ਹੱਤਿਆ 4

ਜਨਵਰੀ ਨੂੰ ਅੰਮ੍ਰਿਤਸਰ ਵਿੱਚ ਇੱਕ ਵਿਆਹ ਸਮਾਗਮ ਵਿੱਚ ਕੀਤੀ ਗਈ ਸੀ। ਇਸ ਬਾਰੇ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ ਕਿ ਦੋਵਾਂ ਨੂੰ ਛੱਤੀਸਗੜ੍ਹ ਦੇ ਰਾਏਪੁਰ ਤੋਂ ਗ੍ਰਿਫ਼ਤਾਰ ਕੀਤਾ ਗਿਆ ਏ ਤੇ ਅਗਲੇਰੀ ਜਾਂਚ ਲਈ ਅੰਮ੍ਰਿਤਸਰ ਲਿਆਂਦਾ ਗਿਆ ਏ। ਉਨ੍ਹਾਂ ਕਿਹਾ ਕਿ ਪੰਜ ਹੋਰ ਮੁਲਜ਼ਮਾਂ ਨੂੰ ਮੋਹਾਲੀ ਤੇ ਤਰਨ ਤਾਰਨ ਤੋਂ ਗ੍ਰਿਫ਼ਤਾਰ ਕੀਤਾ ਗਿਆ ਏ। ਉਨ੍ਹਾਂ ਕਿਹਾ ਕਿ ਇਸ ਕਾਰਵਾਈ ਵਿੱਚ ਕੇਂਦਰੀ ਏਜੰਸੀਆਂ ਤੇ ਦੂਜੇ ਰਾਜਾਂ ਦੇ ਪੁਲਿਸ ਬਲਾਂ ਨਾਲ ਨੇੜਲਾ ਤਾਲਮੇਲ ਸ਼ਾਮਲ ਸੀ। ਪੁਲਿਸ ਜਾਂਚ ਤੋਂ ਪਤਾ ਲੱਗਾ ਏ ਕਿ ਹਤਿਆ ਦੀ ਸਾਜ਼ਿਸ਼ ਵਿਦੇਸ਼ਾਂ ਵਿੱਚ ਰਹਿਣ ਵਾਲੇ ਵਿਅਕਤੀਆਂ ਦੁਆਰਾ ਰਚੀ ਗਈ ਸੀ, ਜਿਨ੍ਹਾਂ ਫੰਡਿੰਗ, ਹਥਿਆਰ ਤੇ ਹੋਰ ਪ੍ਰਬੰਧ ਕੀਤੇ ਸਨ। ਮੁੱਖ ਸਾਜ਼ਿਸ਼ਕਾਰਾਂ ਵਿਚੋਂ ਇਕ ਹਰਨੂਰ ਸਿੰਘ ਉਰਫ਼ ਨੂਰ, ਹਤਿਆ ਤੋਂ ਥੋੜ੍ਹੀ ਦੇਰ ਬਾਅਦ ਤਰਨ ਤਾਰਨ ਵਿੱਚ ਇਕ ਪੁਲਿਸ ਮੁਕਾਬਲੇ ਵਿੱਚ ਮਾਰਿਆ ਗਿਆ ਸੀ।

---------------------------------------------------

ਪੰਜਾਬ ਵਿੱਚ ਧੀਆਂ ਪ੍ਰਤੀ ਸਮਾਜ ਦੀ ਮਾਨਸਿਕਤਾ ਵਿੱਚ ਆਈ ਸਕਾਰਾਤਮਕ ਤਬਦੀਲੀ ਵਜੋਂ ਕੱਲ੍ਹ ਜਲੰਧਰ ਦੇ ਇਕ ਪਿੰਡ ਵਿੱਚ ਧੀਆਂ ਦੀ ਲੋਹੜੀ ਮਨਾਈ ਗਈ, ਜਿੱਥੇ 5100 ਨਵਜੰਮੀਆਂ ਧੀਆਂ ਨੂੰ ਸਨਮਾਨਿਤ ਕੀਤਾ ਗਿਆ। ਅਜਿਹੇ ਜਸ਼ਨ ਰਾਜ ਭਰ ਦੇ ਵੱਖ-ਵੱਖ

ਪਿੰਡਾਂ ਵਿੱਚ ਮਨਾਏ ਜਾ ਰਹੇ ਨੇ। ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਨਵਜੰਮੀਆਂ ਧੀਆਂ ਦੇ ਮਾਪਿਆਂ ਨੂੰ ਲੋਹੜੀ ਦੀਆਂ ਨਿੱਘੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਸ ਜਸ਼ਨ ਦਾ ਉਦੇਸ਼ 'ਬੇਟੀ ਬਚਾਓ-ਬੇਟੀ ਪੜ੍ਹਾਓ' ਦੀ ਰਾਸ਼ਟਰੀ ਲਹਿਰ ਨੂੰ ਹੋਰ ਮਜ਼ਬੂਤ ਕਰਨਾ ਏ। ਉਨ੍ਹਾਂ ਕਿਹਾ ਕਿ ਧੀ ਦੇ ਜਨਮ ਨੂੰ ਇੱਕ ਤਿਉਹਾਰ ਵਜੋਂ ਮਨਾਉਣਾ ਪ੍ਰਗਤੀਸ਼ੀਲ ਸਮਾਜਿਕ ਤਬਦੀਲੀ ਦਾ ਸੱਚਾ ਸੂਚਕ ਏ ਤੇ ਸਮਾਜ ਵਿਚ ਧੀਆਂ ਨੂੰ ਬਚਾਉਣ ਤੇ ਸਸ਼ਕਤ ਬਣਾਉਣ ਦੇ ਸੰਦੇਸ਼ ਨੂੰ ਮਜ਼ਬੂਤ ਕਰਦਾ ਏ।

-----------------------------------------------------

ਕੋਟਕਪੂਰਾ ਵਿਖੇ ਧੀਆਂ ਨੂੰ ਸਮਰਪਿਤ ਲੋਹੜੀ ਦਾ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਸਪੀਕਰ ਸੰਧਵਾਂ ਨੇ ਕਿਹਾ ਕਿ ਅਜੋਕੇ ਪੜ੍ਹੇ-ਲਿਖੇ ਸਮਾਜ 'ਚ ਲੜਕੇ ਤੇ ਲੜਕੀ 'ਚ ਕੋਈ ਫ਼ਰਕ ਨਹੀਂ ਸਮਝਿਆ ਜਾਂਦਾ ਤੇ ਹੁਣ ਲੋਕ ਧੀਆਂ ਦੀ ਲੋਹੜੀ ਵੀ ਮਨਾਉਣ ਲੱਗੇ ਨੇ। ਉਨ੍ਹਾਂ ਕਿਹਾ ਕਿ ਅਜੋਕੇ ਸਮਾਜ ਦੇ ਰਸਮ-ਰਿਵਾਜ, ਰਹਿਣ-ਸਹਿਣ ਦੇ ਢੰਗ ਵੀ ਪਹਿਲਾਂ ਵਰਗੇ ਨਹੀਂ ਰਹੇ ਤੇ ਸੋਚ ਵੀ ਨਿਰੰਤਰ ਬਦਲ ਰਹੀ ਏ, ਪਰ ਇਹ ਤਿਉਹਾਰ ਹੀ ਨੇ, ਜੋ ਸਾਨੂੰ ਸਮਾਜ

ਤੇ ਸਭਿਆਚਾਰ ਨਾਲ ਜੋੜ ਕੇ ਰੱਖ ਰਹੇ ਨੇ ਤੇ ਨੌਜਵਾਨ ਪੀੜੀ ਨੂੰ ਵੀ ਇਹਨਾਂ ਤਿਉਹਾਰਾਂ ਨੂੰ ਮਨਾਉਣਾ ਚਾਹੀਦਾ ਏ ਤੇ ਆਪਣੇ ਸੱਭਿਆਚਾਰ ਤੋਂ ਜਾਣੂ ਹੋਣਾ ਚਾਹੀਦਾ ਏ । ਇਸ ਮੌਕੇ ਬੱਚਿਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।

-----------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੀਤੇ ਕਲ ਬਠਿੰਡਾ ਦੀ ਜ਼ਿਲ੍ਹਾ ਲਾਇਬ੍ਰੇਰੀ ਵਿਖੇ ਮਿਸ਼ਨ ਪ੍ਰਗਤੀ ਅਧੀਨ ਦਾਖ਼ਲ ਹੋਏ ਉਮੀਦਵਾਰਾਂ ਤੇ ਵਿਦਿਆਰਥੀਆਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਨੇ ਜ਼ਿਲ੍ਹਾ ਲਾਇਬ੍ਰੇਰੀ ਵਿਖੇ ਮਿਸ਼ਨ ਪ੍ਰਗਤੀ ਤਹਿਤ ਇਹ ਕੋਚਿੰਗ ਪ੍ਰੋਗਰਾਮ ਸ਼ੁਰੂ ਕੀਤਾ ਏ, ਜਿੱਥੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਮੁਫ਼ਤ ਕੋਚਿੰਗ ਸ਼ੁਰੂ ਕੀਤੀ ਗਈ ਏ । ਇਸ ਦਾ ਉਦੇਸ਼ ਹੋਣਹਾਰ ਵਿਦਿਆਰਥੀਆਂ ਨੂੰ ਸਹੂਲਤ ਦੇਣਾ ਏ। ਮੁੱਖ ਮੰਤਰੀ ਨੇ ਕਿਹਾ ਕਿ ਜ਼ਰੂਰੀ ਅਧਿਐਨ ਸਮੱਗਰੀ ਤੇ ਮਹਿੰਗੀਆਂ ਕਿਤਾਬਾਂ ਅਕਸਰ ਵਿਦਿਆਰਥੀਆਂ ਦੀ ਪਹੁੰਚ ਤੋਂ ਬਾਹਰ ਰਹਿੰਦੀਆਂ ਨੇ । ਉਨ੍ਹਾਂ ਆਖਿਆ ਵਿਦਿਆਰਥੀਆਂ ਨੂੰ ਲਾਇਬ੍ਰੇਰੀ ਮੈਂਬਰਾਂ ਵਜੋਂ ਚੁਣਿਆ ਜਾਵੇਗਾ ਤੇ ਲੋੜੀਂਦੀਆਂ ਕਿਤਾਬਾਂ ਮੁਫਤ ਪ੍ਰਦਾਨ ਕੀਤੀਆਂ ਜਾਣਗੀਆਂ। ਇਹ

ਪ੍ਰੋਗਰਾਮ ਮੌਜੂਦਾ ਬੁਨਿਆਦੀ ਢਾਂਚੇ ਤੇ ਸਰੋਤਾਂ ਦੀ ਵਰਤੋਂ ਕਰਕੇ ਸ਼ੁਰੂ ਕੀਤਾ ਗਿਆ ਏ, ਜਿਸ ਨਾਲ ਮਹੱਤਵਪੂਰਨ ਵਿੱਤੀ ਬੱਚਤ ਹੁੰਦੀ ਏ।

--------------------------------------------------

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਏ ਕਿ ਪੰਜਾਬ ਵਿਚ ਭਾਰਤੀ ਜਨਤਾ ਪਾਰਟੀ ਦੇ ਵਰਕਰ ਪਾਰਟੀ ਸੰਗਠਨ ਦੀ ਮਜ਼ਬੂਤੀ ਤੇ ਜਨਸੇਵਾ ਦੇ ਸੰਕਲਪ ਲਈ ਸਮਰਪਿਤ ਨੇ। ਮੁੱਖ ਮੰਤਰੀ > ਸੈਣੀ ਸਮਰਾਲਾ ਸਥਿਤ ਇਤਿਹਾਸਕ ਗੁਰਦੁਆਰੇ ਸ੍ਰੀ ਚਰਨ ਕੰਵਲ ਸਾਹਿਬ ਮਾਛੀਵਾੜਾ, ਤੇ ਸਮਰਾਲਾ ਦੇ ਕੇਹਲਾਂ ਗਾਵਾਂ ਦੇ ਪੁਰਾਣੇ ਮੁਕਤੇਸ਼ਵਰ ਮਹਾਦੇਵ ਮੰਦਰ ਵਿੱਚ/ਨਤਮਸਤਕ ਹੋਣ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰ ਰਹੇ ਸਨ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੇਸ਼ ਦੀ ਤਰਕੀ ਤੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ । ਮੁੱਖ ਮੰਤਰੀ ਨੇ ਕਿਹਾ ਕਿ ਇਹ ਉਨ੍ਹਾਂ ਲਈ ਬਹੁਤ ਹੀ ਮਾਣ ਵਾਲੀ ਦੀ ਗੱਲ ਏ ਕਿ ਉਨ੍ਹਾਂ ਨੂੰ ਗੁਰੂਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਤੇ ਮੁਕਤੇਸ਼ ਮਹਾਦੇਵ ਮੰਦਰ ਵਿੱਚ ਸੀਸ ਨਿਵਾਣ ਦਾ ਮੌਕਾ ਮਿਲਿਆ।

--------------------------------------------------

ਪੰਜਾਬੀ ਯੂਨੀਵਰਸਿਟੀ ਦੇ ਫਾਰਮਾਸਿਊਟੀਕਲ ਸਾਇੰਸਿਜ਼ ਤੇ ਡਰੱਗ ਰਿਸਰਚ ਵਿਭਾਗ ਵਲੋਂ ਕੀਤੀ ਤਾਜ਼ਾ ਖੋਜ ਰਾਹੀਂ ਧਣੀਏ ਦੇ ਪੱਤਿਆਂ ਤੋਂ

ਅਨੀਮੀਆ (ਖ਼ੂਨ ਦੀ ਘਾਟ) ਲਈ ਇਕ ਨਵੀਂ ਪ੍ਰਭਾਵਸ਼ਾਲੀ ਦਵਾਈ ਤਿਆਰ ਕੀਤੀ ਗਈ ਏ। ਡਾ. ਡਿੰਪਲ ਸੇਠੀ (ਐਸੋਸੀਏਟ ਪ੍ਰੋਫੈਸਰ) ਦੀ ਨਿਗਰਾਨੀ ਵਿੱਚ ਇਹ ਖੋਜ ਡਾ. ਕੁਲਦੀਪ ਸਿੰਘ ਵਲੋਂ ਕੀਤੀ ਗਈ ਏ। ਇਸ ਬਾਰੇ ਡਾ. ਡਿੰਪਲ ਸੇਠੀ ਨੇ ਦੱਸਿਆ ਕਿ ਧਣੀਏ ਵਿੱਚ ਕੁਦਰਤੀ ਤੌਰ 'ਤੇ ਆਇਰਨ, ਫੌਲਿਕ ਐਸਿਡ ਤੇ ਐਂਟੀ-ਆਕਸੀਡੈਂਟ ਗੁਣ ਮੌਜੂਦ ਹੁੰਦੇ ਨੇ, ਜੋ ਲਾਲ ਖ਼ੂਨ ਕਣਾਂ ਦੀ ਉਤਪਾਦਨ ਪ੍ਰਕਿਰਿਆ ਨੂੰ ਤੇਜ਼ ਕਰਦੇ ਹਨ। ਇਸ ਵਿਧੀ ਰਾਹੀਂ ਤਿਆਰ ਕੀਤੀ ਗਈ ਦਵਾਈ ਸੁਰੱਖਿਅਤ, ਘੱਟ ਖਰਚੀਲੀ ਤੇ ਕਿਸੇ ਵੀ ਤਰ੍ਹਾਂ ਦੇ ਸਾਈਡ-ਇਫੈਕਟ ਤੋਂ ਲਗਭਗ ਮੁਕਤ ਏ। ਖੋਜਾਰਥੀ ਡਾ. ਕੁਲਦੀਪ ਸਿੰਘ ਨੇ ਦੱਸਿਆ ਕਿ ਇਹ ਦਵਾਈ ਮਰੀਜ਼ਾਂ ਵਿੱਚ ਹੀਮੋਗਲੋਬਿਨ ਦੀ ਮਾਤਰਾ ਸਿਰਫ਼ 10 ਦਿਨਾਂ ਵਿੱਚ ਵਧਾਉਣ ਵਿੱਚ ਸਫਲ ਰਹੀ, ਜਦਕਿ ਪਹਿਲਾਂ ਉਪਲਬਧ ਦਵਾਈਆਂ ਨਾਲ਼ ਇਹ ਨਤੀਜੇ ਹਾਸਿਲ ਕਰਨ ਲਈ ਲਗਭਗ 28 ਦਿਨ ਲਗਦੇ ਨੇ।

---------------------------------------------------